# ਦਫਤਰ ਨਗਰ ਨਿਗਮ ਹੁਸ਼ਿਆਰਪੁਰ

## ਪ੍ਰੈਸ ਨੋਟ

## ਨਗਰ ਨਿਗਮ ਵੱਲੋਂ ਰਿਟਾਇਰ ਹੋਣ ਵਾਲੇ ਹਰ ਕਰਮਚਾਰੀ ਨੂੰ ਉਸਦੇ ਬਣਦੇ ਲਾਭ ਦਾ ਚੈੱਕ ਮੌਕੇ ਤੇ ਹੀ ਦਿੱਤਾ ਜਾਂਦਾ ਹੈ:..... ਮੇਅਰ ਸ਼ਿਵ ਸੂਦ

## ਨਗਰ ਨਿਗਮ ਦੇ ਇੰਸਪੈਕਟਰ ਵਿਜੇ ਕੁਮਾਰ ਨੂੰ ਰਿਟਾਇਰਮੈਂਟ ਮੌਕੇ ਦਿੱਤੀ ਨਿੱਘੀ ਵਿਦਾਇਗੀ ਪਾਰਟੀ

ਹੁਸ਼ਿਆਰਪੁਰ 28 ਫਰਵਰੀ ਮੇਅਰ ਸ਼ਿਵ ਸੂਦ ਦੀ ਪ੍ਰਧਾਨਗੀ ਹੇਠ ਨਗਰ ਨਿਗਮ ਦੇ ਡਾ: ਬੀ.ਆਰ ਅੰਬੇਦਕਰ ਮੀਟਿੰਗ ਹਾਲ ਵਿਖੇ ਨਗਰ ਨਿਗਮ ਦੇ ਸਟਾਫ ਵੱਲੋਂ ਇੰਸਪੈਕਟਰ ਵਿਜੇ ਕੁਮਾਰ ਦੀ ਰਿਟਾਇਰਮੈਂਟ ਮੌਕੇ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਲੁਧਿਆਣਾ ਦੇ ਨਿਗਰਾਨ ਇੰਜੀਨੀਅਰ ਪਵਨ ਸ਼ਰਮਾ, ਰਿਟਾਇਰਡ ਐਸ.ਡੀ.ਓ. ਸੁਭਾਸ਼ ਭਾਟੀਆ ਅਤੇ ਕ੍ਰਿਸ਼ਨ ਸ਼ਰਮਾ ਵਿਸ਼ੇਸ ਤੌਰ ਤੇ ਸ਼ਾਮਲ ਹੋਏ। ਮੇਅਰ ਸ਼ਿਵ ਸੂਦ ਨੇ ਇਸ ਮੌਕੇ ਤੇ ਇੰਸਪੈਕਟਰ ਵਿਜੇ ਕੁਮਾਰ ਵੱਲੋਂ ਆਪਣੇ 40 ਸਾਲ ਦੇ ਕਾਰਜਕਾਲ ਵਿੱਚ ਸਫਲਤਾਪੂਰਵਕ ਨਿਭਾਈਆਂ ਗਈਆਂ ਚੰਗੀਆਂ ਸੇਵਾਵਾਂ ਪ੍ਰਤੀ ਵਧਾਈ ਦਿੱਤੀ ਅਤੇ ਕਿਹਾ ਕਿ ਉਹਨਾਂ ਨੂੰ ਰਿਟਾਇਰਮੈਂਟ ਉਪਰੰਤ ਵੀ ਨਗਰ ਨਿਗਮ ਵਲੋਂ ਪੂਰਾ ਆਦਰ ਸਤਕਾਰ ਦਿੱਤਾ ਜਾਵੇਗਾ ਅਤੇ ਉਹਨਾਂ ਦੇ ਕੰਮ ਪਹਿਲ ਦੇ ਅਧਾਰ ਤੇ ਕੀਤੇ ਜਾਣਗੇ। ਇਸ ਮੌਕੇ ਤੇ ਉਹਨਾਂ ਨੇ ਨਗਰ ਨਿਗਮ ਵੱਲੋਂ ਉਹਨਾਂ ਦੇ ਸੇਵਾਕਾਲ ਦੇ ਬਣਦੇ ਲਾਭ ਦਾ ਚੈੱਕ ਦਿੰਦਿਆਂ ਦੱਸਿਆ ਕਿ ਰਿਟਾਇਰ ਹੋਣ ਵਾਲੇ ਨਗਰ ਨਿਗਮ ਦੇ ਹਰ ਕਰਮਚਾਰੀ ਨੂੰ ਉਸਦਾ ਬਣਦਾ ਲਾਭ ਦਾ ਚੈੱਕ ਮੌਕੇ ਤੇ ਹੀ ਦਿੱਤਾ ਜਾਂਦਾ ਹੈ। ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ, ਡਿਪਟੀ ਮੇਅਰ ਸ਼ੁਕਲਾ ਸ਼ਰਮਾ, ਡੀ.ਸੀ.ਐਫ.ਏ. ਹਰਵਿੰਦਰ ਸਿੰਘ, ਐਸ.ਡੀ.ਓ ਹਰਪ੍ਰੀਤ ਸਿੰਘ, ਕੁਲਦੀਪ ਸਿੰਘ, ਸੁਪਰਡੈਂਟ ਸੁਆਮੀ ਸਿੰਘ, ਅਮਿਤ ਕੁਮਾਰ, ਇੰਸਪੈਕਟਰ ਨਛੱਤਰ ਸਿੰਘ, ਪ੍ਰਧਾਨ ਟੈਕਨੀਕਲ ਯੂਨੀਅਨ ਜ਼ੋਗਿੰਦਰ ਸਿੰਘ ਅਤੇ ਕੌਂਸਲਰ ਬਿਕਰਮਜੀਤ ਸਿੰਘ ਕਲਸੀ ਨੇ ਵੀ ਆਪਣੇ ਵਿਚਾਰ ਪੇਸ਼ ਕਰਦਿਆ ਇੰਸਪੈਕਟਰ ਵਿਜੇ ਕੁਮਾਰ ਵਲੋਂ ਆਪਣੀ ਡਿਉਟੀ ਦੌਰਾਨ ਇਮਾਨਦਾਰੀ ਅਤੇ ਮਿਹਨਤ ਨਾਲ ਨਿਭਾਈਆਂ ਗਈਆਂ ਸੇਵਾਵਾਂ ਦੀ ਸਲਾਘਾ ਕੀਤੀ।

ਇਸ ਮੌਕੇ ਤੇ ਨਗਰ ਨਿਗਮ ਦੇ ਅਧਿਕਾਰੀਆਂ ਅਤੇ ਵੱਖ-ਵੱਖ ਬ੍ਰਾਂਚਾਂ ਅਤੇ ਐਸੋਸੀਏਸ਼ਨਾਂ ਦੇ ਮੈਬਰਾਂ ਵੱਲੋਂ ਇੰਸਪੈਕਟਰ ਵਿਜੇ ਕੁਮਾਰ ਦਾ ਸਨਮਾਨ ਕੀਤਾ ਗਿਆ। ਨਗਰ ਨਿਗਮ ਦਾ ਸਮੂਹ ਸਟਾਫ ਅਤੇ ਇੰਸਪੈਕਟਰ ਵਿਜੇ ਕੁਮਾਰ ਦੇ ਪਰਿਵਾਰਕ ਮੈਬਰ ਵੀ ਇਸ ਮੌਕੇ ਤੇ ਹਾਜ਼ਰ ਸਨ।